**ਪੰਜਾਬ ਸਰਕਾਰ**

**ਸਕੂਲ ਸਿੱਖਿਆ ਵਿਭਾਗ**

ਸੇਵਾ ਵਿਖੇ

1. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ./ਐ.ਸਿ.)

2. ਸਮੂਹ ਸਕੂਲ ਮੁਖੀ

ਮੀਮੋ ਨੰ: 15/51-2015 ਡੇ(1)/2020186186

ਮਿਤੀ: 07/08/2020

**ਵਿਸ਼ਾ:-** **ਸਰਕਾਰੀ ਸਕੂਲਾਂ ਵਿੱਚ ਦਾਖਲੇ ਸਬੰਧੀ।**

1.0 ਉਪਰੋਕਤ ਵਿਸ਼ੇ ਤੇ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਪਿਛਲੇ ਦਿਨੀਂ ਹਫਤਾਵਾਰ ਮੀਟਿੰਗਾਂ ਵਿੱਚ ਕੁਝ ਸਕੂਲ ਮੁਖੀਆਂ ਅਤੇ ਜਿਲ੍ਹਾ ਸਿੱਖਿਆ ਅਫ਼ਸਰਾਂ ਦੁਆਰਾ ਦਾਖਲਿਆਂ ਸਬੰਧੀ ਸਕੂਲਾਂ ਨੂੰ ਪੇਸ਼ ਆ ਰਹੀਆਂ ਮੁਸ਼ਕਿਲਾਂ ਬਾਰੇ ਦੱਸਿਆ ਗਿਆ ਗਿਆ। ਇਸ ਸਬੰਧੀ ਹੇਠ ਲਿਖੇ ਅਨੁਸਾਰ ਸਥਿਤੀ ਸਪੱਸ਼ਟ ਕੀਤੀ ਜਾਂਦੀ ਹੈ:-

1. ਜੇਕਰ ਕਿਸੇ ਵਿਦਿਆਰਥੀ ਨੂੰ ਕੋਈ ਵੀ ਪ੍ਰਾਈਵੇਟ ਸਕੂਲ ਟ੍ਰਾਂਸਫਰ ਸਰਟੀਫਿਕੇਟ ਦੇਣ ਤੋਂ ਮਨ੍ਹਾ ਕਰਦਾ ਹੈ ਤਾਂ ਸਕੂਲ ਮੁੱਖੀ ਆਪਣੀ ਤਸੱਲੀ ਅਨੁਸਾਰ ਅਜਿਹੇ ਵਿਦਿਆਰਥੀਆਂ ਨੂੰ ਦਾਖਲਾ ਦੇ ਸਕਦਾ ਹੈ। ਇਨ੍ਹਾਂ ਕੇਸਾਂ ਵਿੱਚ ਟ੍ਰਾਂਸਫਰ ਸਰਟੀਫਿਕੇਟ ਦੀ ਕੋਈ ਬੰਦਿਸ਼ ਨਹੀਂ ਹੋਵੇਗੀ। ਪ੍ਰੰਤੂ ਸਬੰਧਤ ਵਿਦਿਆਰਥੀ ਦੇ ਮਾਪਿਆਂ ਤੋਂ ਅਜਿਹੇ ਵਿਦਿਆਰਥੀ ਦੀ ਪੜ੍ਹਾਈ ਸਬੰਧੀ ਲਿਖਤੀ ਰੂਪ ਵਿੱਚ ਲੈ ਲਿਆ ਜਾਵੇ।
2. ਜਿਹੜੇ ਪ੍ਰਾਈਵੇਟ ਸਕੂਲ ਵਿਦਿਆਰਥੀਆਂ ਨੂੰ ਟ੍ਰਾਂਸਫਰ ਸਰਟੀਫਿਕੇਟ ਦੇਣ ਤੋਂ ਇਨਕਾਰ ਕਰਦੇ ਹਨ, ਉਨ੍ਹਾਂ ਦਾ ਵੇਰਵਾ ਵੀ ਮੁੱਖ ਦਫ਼ਤਰ ਵਿੱਚ ਸ੍ਰੀ ਸੰਜੀਵ ਸ਼ਰਮਾ, ਸਹਾਇਕ ਡਾਇਰੈਕਟਰ ਜਾਂ ਸਬੰਧਤ ਜਿਲ੍ਹੇ ਦੇ ਨੋਡਲ ਅਫ਼ਸਰ ਨੂੰ ਭੇਜਿਆ ਜਾਵੇ।
3. ਕੁਝ ਵਿਦਿਆਰਥੀਆਂ ਕੋਲ ਆਪਣਾ ਜਨਮ ਸਰਟੀਫਿਕੇਟ ਨਹੀਂ ਹੈ, ਪਰ ਉਹ ਵਿਦਿਆਰਥੀ ਸਕੂਲਾਂ ਵਿੱਚ ਦਾਖਲਾ ਲੈਣਾ ਚਾਹੁੰਦੇ ਹਨ। ਇਸ ਸਬੰਧ ਵਿੱਚ ਸਥਿਤੀ ਸਪੱਸ਼ਟ ਕੀਤੀ ਜਾਂਦੀ ਹੈ ਕਿ ਅਜਿਹੇ ਵਿਦਿਆਰਥੀਆਂ ਨੂੰ ਜਨਮ ਸਰਟੀਫਿਕੇਟ ਲੈਣ ਲਈ ਮਜਬੂਰ ਨਾ ਕੀਤਾ ਜਾਵੇ ਅਤੇ ਇਨ੍ਹਾਂ ਦਾ ਦਾਖਲਾ ਪ੍ਰੋਵੀਜ਼ਨਲ ਆਧਾਰ ਤੇ ਕਰ ਲਿਆ ਜਾਵੇ।
4. ਇਸ ਤੋਂ ਇਲਾਵਾ ਬਹੁਤ ਸਾਰੇ ਵਿਦਿਆਰਥੀਆਂ ਦੇ ਜਨਮ ਸਰਟੀਫਿਕੇਟ ਡਿਜ਼ੀ-ਲਾਕਰ ਤੇ ਉਪਲਬਧ ਹਨ। ਜੇਕਰ ਇਨ੍ਹਾਂ ਵਿਦਿਆਰਥੀਆਂ ਦੇ ਸਰਟੀਫਿਕੇਟ ਡਿਜ਼ੀ-ਲਾਕਰ ਤੇ ਮਿਲ ਜਾਂਦੇ ਹਨ ਤਾਂ ਇਨ੍ਹਾਂ ਵਿਦਿਆਰਥੀਆਂ ਨੂੰ ਪ੍ਰਿੰਟਡ ਸਰਟੀਫਿਕੇਟ ਪੇਸ਼ ਕਰਨ ਲਈ ਮਜਬੂਰ ਨਾ ਕੀਤਾ ਜਾਵੇ।

3.0 ਉਪਰੋਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

**ਸਕੱਤਰ ਸਕੂਲ ਸਿੱਖਿਆ**